# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :10-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਕਿਸੇ ਵੀ ਰਾਜ ਦੇ ਵਿਕਾਸ ਵਿੱਚ ਕਾਨੂੰਨ ਵਿਵਸਥਾ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਏ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਬਾਬਾ ਫਰੀਦ ਯੂਨੀਵਰਸਿਟੀ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ,ਵਿਖੇ ਡਿਗਰੀ ਵੰਡ ਸਮਾਰੋਹ ਵਿਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ.
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਠਿੰਡਾ ਵਿਚ ਮੁੜ੍ਹ ਉਸਾਰੇ ਗਏ ਮੁਲਤਾਨੀਆ ਰੇਲਵੇ ਓਵਰ ਬ੍ਰਿਜ ਨੂੰ ਜਨਤਾ ਨੂੰ ਸਮਰਪਿਤ ਕੀਤਾ ਅਤੇ ਇੱਕ ਨਵੇਂ ਰੇਲਵੇ ਓਵਰ ਬ੍ਰਿਜ ਦੇ ਨਿਰਮਾਣ ਨੂੰ ਪ੍ਰਵਾਨਗੀ ਦਿੱਤੀ।

- ਪੰਜਾਬ ਦੇ ਮੰਤਰੀ ਡਾ. ਬਲਜੀਤ ਕੌਰ ਵਲੋਂ ਮਾਨਸਾ ‘ਚ ਸਰਕਾਰੀ ਬਿਰਧ ਘਰ "ਸਤਿਕਾਰ ਘਰ" ਦਾ ਉਦਘਾਟਨ ਕੀਤਾ ਗਿਆ ਤੇ ਧੀਆਂ ਦੀ ਲੋਹੜੀ ਮਨਾਈ ਗਈ।
- ਸਾਬਕਾ ਭਾਰਤੀ ਹਾਕੀ ਖਿਡਾਰੀ, ਓਲੰਪੀਅਨ ਅਤੇ ਸੋਨੇ ਦਾ ਤਮਗਾ ਜੇਤੂ, ਦਵਿੰਦਰ ਸਿੰਘ ਗਰਚਾ ਦਾ ਅੱਜ 74 ਸਾਲਾਂ ਦੀ ਉਮਰ ‘ਚ ਦੇਹਾਂਤ.

## *ਹੁਣ ਖਬਰਾਂ ਵਿਸਥਾਰ ਨਾਲ*

ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਕਿਸੇ ਵੀ ਰਾਜ ਦੇ ਵਿਕਾਸ ਵਿੱਚ ਕਾਨੂੰਨ ਵਿਵਸਥਾ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਏ। ਉਨ੍ਹਾਂ ਕਿਹਾ ਕਿ ਬਿਹਤਰ ਕਾਨੂੰਨ ਵਿਵਸਥਾ ਵਾਲੇ ਰਾਜ, ਹਮੇਸ਼ਾ ਪੂੰਜੀਕਾਰਾਂ ਨੂੰ ਆਕਰਸ਼ਿਤ ਕਰਦੇ ਨੇ. ਅੱਜ ਦੁਪਹਿਰ ਬਾਅਦ ਜੈਪੁਰ ਵਿੱਚ ਇੱਕ ਕਾਂਸਟੇਬਲ ਨਿਯੁਕਤੀ ਸਮਾਰੋਹ ਨੂੰ ਸੰਬੋਧਨ ਕਰਦਿਆਂ, ਸ਼੍ਰੀ ਸ਼ਾਹ ਨੇ ਕਿਹਾ ਕਿ ਇੱਕ ਰਾਜ ਉਦੋਂ ਤਰੱਕੀ ਕਰਦਾ ਏ ਜਦੋਂ ਨੌਜਵਾਨਾਂ ਨੂੰ ਬਿਨਾਂ ਸਿਫਾਰਸ਼, ਬਿਨਾਂ ਭ੍ਰਿਸ਼ਟਾਚਾਰ ਅਤੇ ਪੂਰੀ ਤਰ੍ਹਾਂ ਪਾਰਦਰਸ਼ੀ ਚੋਣ ਪ੍ਰਣਾਲੀ ਰਾਹੀਂ ਨੌਕਰੀਆਂ ਦਿੱਤੀਆਂ

ਜਾਂਦੀਆਂ ਨੇ. ਉਨ੍ਹਾਂ ਕਿਹਾ ਕਿ ਭਰਤੀ, ਭ੍ਰਿਸ਼ਟਾਚਾਰ-ਮੁਕਤ ਅਤੇ ਨਿਰਪੱਖ ਹੋਣੀ ਚਾਹੀਦੀ ਏ-

byte

ਨਵੀਂ Bharatiya Nyaya Sanhita,ਦੀਆਂ ਵਿਸ਼ੇਸ਼ਤਾਵਾਂ ਨੂੰ ਉਜਾਗਰ ਕਰਦਿਆਂ, ਉਨ੍ਹਾਂ ਕਿਹਾ ਕਿ ਇੱਕ ਵਾਰ ਪੂਰੀ ਤਰ੍ਹਾਂ ਲਾਗੂ ਹੋਣ ਤੋਂ ਬਾਅਦ, ਸੁਪਰੀਮ ਕੋਰਟ ਤੱਕ ਕੇਸਾਂ ਦੀ ਸੁਣਵਾਈ FIR ਦਰਜ ਹੋਣ ਦੇ ਤਿੰਨ ਸਾਲਾਂ ਦੇ ਅੰਦਰ ਕੀਤੀ ਜਾਵੇਗੀ। ਉਨ੍ਹਾਂ ਕਿਹਾ, ਇਸ ਨਾਲ ਵਾਰ-ਵਾਰ ਮੁਲਤਵੀ ਕਰਨ ਦਾ ਲੰਮੇ ਸਮੇਂ ਤੋਂ ਚਲਿਆ ਆ ਰਿਹਾ ਤਰੀਕਾ ਖਤਮ ਹੋ ਜਾਏਗਾ ।

---------------------------------------------------------------

ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਅੱਜ ਬਾਬਾ ਫਰੀਦ ਯੂਨੀਵਰਸਿਟੀ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ,ਵਿਖੇ ਡਿਗਰੀ ਵੰਡ ਸਮਾਰੋਹ ਵਿਚ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ. ਇਸ ਮੌਕੇ ਓਹਨਾਂ ਯੂਨੀਵਰਸਿਟੀ ਨਾਲ ਸੰਬੰਧਿਤ ਕਾਲਜਾਂ ਦੇ 140 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ, ਜਦਕਿ ਸ਼ਾਨਦਾਰ ਅਕਾਦਮਿਕ ਕਾਰਗੁਜ਼ਾਰੀ ਦਿਖਾਉਣ ਵਾਲੇ ਵਿਦਿਆਰਥੀਆਂ ਨੂੰ 10 ਸੋਨੇ ਦੇ ਅਤੇ 11 ਚਾਂਦੀ ਦੇ ਤਮਗੇ ਵੀ ਪ੍ਰਦਾਨ ਕੀਤੇ. ਇਹ ਸਮਾਰੋਹ ਯੂਨੀਵਰਸਿਟੀ ਅਤੇ ਨਵੇਂ ਤਿਆਰ ਹੋਏ ਸਿਹਤ ਪੇਸ਼ੇਵਰਾਂ ਲਈ

ਇੱਕ ਮਹੱਤਵਪੂਰਨ ਉਪਲਬਧੀ ਦਾ ਪ੍ਰਤੀਕ ਬਣਿਆ। ਸਮਾਰੋਹ ਦੌਰਾਨ ਕਈ ਪਹਿਲਕਦਮੀਆਂ ਦੀ ਸ਼ੁਰੂਆਤ ਵੀ ਕੀਤੀ ਗਈ, ਜਿਨ੍ਹਾਂ ਵਿੱਚ ਹਿਊਮਨ ਮਿਲਕ ਬੈਂਕ ਦਾ ਈ-ਉਦਘਾਟਨ, ਯੂਨੀਵਰਸਟੀ ਦੇ ਝੰਡੇ ਅਤੇ ਯੂਨੀਵਰਸਿਟੀ ਐਂਥਮ ਦੀ ਅਧਿਕਾਰਿਕ ਸ਼ੁਰੂਆਤ, ਖ਼ੂਨ – ਦਾਨ ਵੈਨ, ਅਤੇ ਈ-ਪਹਿਲਕਦਮੀਆਂ ਤੇ ਕਨਸੋਰਸ਼ੀਅਮ ਬਾਰੇ ਵਿਸ਼ੇਸ਼ ਕਿਤਾਬਚਾ ਜਾਰੀ ਕੀਤਾ ਜਾਣਾ ਸ਼ਾਮਲ ਏ, ਜੋ ਸਿਹਤ ਵਿਗਿਆਨ ਸਿੱਖਿਆ ਅਤੇ ਡਿਜੀਟਲ ਪਹੁੰਚ ਨੂੰ ਹੋਰ ਮਜ਼ਬੂਤ ਕਰਨ ਵੱਲ ਕੇਂਦਰਿਤ ਨੇ। ਇਸ ਸਮਾਰੋਹ ਵਿੱਚ ਕਈ ਪ੍ਰਮੁੱਖ ਹਸਤੀਆਂ ਹਾਜ਼ਰ ਸਨ, ਸਮਾਰੋਹ ਨੂੰ ਸੰਬੋਧਨ ਕਰਦਿਆਂ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਡਿਗਰੀ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਸਿਹਤ ਸਿੱਖਿਆ, ਸਿਹਤ ਸੇਵਾਵਾਂ, ਨਿਰੰਤਰ ਰਹਿਣ ਯੋਗ ਵਿਕਾਸ ਅਤੇ ਡਿਜੀਟਲ ਤਬਦੀਲੀ ਦੇ ਖੇਤਰ ਵਿੱਚ ਯੂਨੀਵਰਸਟੀ ਦੀਆਂ ਉਪਲਬਧੀਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਯੂਨੀਵਰਸਿਟੀ ਦੀਆਂ ਹੈਲਥ ਸਕਿਲਿੰਗ ਪਹਿਲਕਦਮੀਆਂ, ਸਨਅਤੀ ਭਾਈਵਾਲੀਆਂ ਅਤੇ ਰੁਜ਼ਗਾਰ-ਕੇਂਦਰਿਤ ਸਿੱਖਿਆ ਵੱਲ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੀ ਸ਼ਲਾਘਾ ਵੀ ਕੀਤੀ ਅਤੇ ਕਿਹਾ ਕਿ ਯੂਨੀਵਰਸਟੀ ਅਕਾਦਮਿਕ ਮੁਹਾਰਤ, ਕਾਢਾਂ ਅਤੇ ਚੁਗਿਰਦੇ ਪ੍ਰਤੀ ਜ਼ਿੰਮੇਵਾਰੀ ਦਾ ਸੋਹਣਾ ਸੰਜੋਗ ਬਣ ਕੇ ਪੰਜਾਬ ਲਈ ਇੱਕ ਆਦਰਸ਼ ਸੰਸਥਾ ਵਜੋਂ ਉਭਰੀ ਏ।

BYTE

ਯੂਨੀਵਰਸਟੀ ਦੇ ਵਾਈਸ ਚਾਂਸਲਰ, ਡਾਕਟਰ ਰਾਜੀਵ ਸੂਦ,ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਸਮਾਰੋਹ ਵਿਦਿਆਰਥੀਆਂ ਲਈ ਇੱਕ ਫੈਸਲਾਕੁੰਨ ਪੜਾਅ ਏ, ਜਿੱਥੋਂ ਉਹ ਯੋਗ ਅ ਸਿਹਤ ਸੇਵਕ ਵਜੋਂ ਸਮਾਜ ਦੀ ਸੇਵਾ ਕਰਨ ਲਈ ਤਿਆਰ ਹੋ ਰਹੇ ਨੇ.

---------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਬਠਿੰਡਾ ਵਿਚ ਮੁੜ੍ਹ ਉਸਾਰੇ ਗਏ ਮੁਲਤਾਨੀਆ ਰੇਲਵੇ ਓਵਰ ਬ੍ਰਿਜ (ਆਰ.ਓ.ਬੀ.) ਜਨਤਾ ਨੂੰ ਸਮਰਪਿਤ ਕੀਤਾ ਅਤੇ ਜਨਤਾ ਨਗਰ ਵਿਖੇ ਇੱਕ ਨਵੇਂ ਰੇਲਵੇ ਓਵਰ ਬ੍ਰਿਜ ਦੇ ਨਿਰਮਾਣ ਨੂੰ ਪ੍ਰਵਾਨਗੀ ਦਿੱਤੀ। ਦੋਵਾਂ ਪ੍ਰੋਜੈਕਟਾਂ ਦਾ ਉਦੇਸ਼ ਸ਼ਹਿਰ ਦੀਆਂ ਲੰਮੇ ਸਮੇਂ ਤੋਂ ਚੱਲ ਰਹੀਆਂ ਟ੍ਰੈਫਿਕ ਸੰਬੰਧੀ ਸਮੱਸਿਆਵਾਂ ਨੂੰ ਹੱਲ ਕਰਨਾ ਏ । ਮੁਲਤਾਨੀਆ ਆਰ.ਓ.ਬੀ. ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਆਪਣੇ ਸੰਬੋਧਨ ਵਿਚ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦਾ ਇੱਕ ਮਹੱਤਵਪੂਰਨ ਰੇਲਵੇ ਜੰਕਸ਼ਨ ਹੋਣ ਕਰਕੇ, ਬਠਿੰਡਾ ਵਿੱਚੋਂ ਕਈ ਰੇਲਵੇ ਲਾਈਨਾਂ ਲੰਘਦੀਆਂ ਨੇ ਅਤੇ ਇਹ ਲਾਈਨਾਂ ਸ਼ਹਿਰ ਨੂੰ ਵੱਖ-ਵੱਖ ਹਿੱਸਿਆਂ ਵਿੱਚ ਵੰਡਦੀਆਂ ਨੇ. ਉਨ੍ਹਾਂ ਕਿਹਾ ਕਿ "ਅੰਬਾਲਾ, ਦਿੱਲੀ, ਸਿਰਸਾ ਅਤੇ ਬੀਕਾਨੇਰ ਰੇਲਵੇ ਲਾਈਨਾਂ ਉੱਤੇ ਬਣਿਆ ਮੁਲਤਾਨੀਆ ਪੁਲ, ਬਠਿੰਡਾ ਦੇ ਵੰਡੇ ਹੋਏ ਹਿੱਸਿਆਂ ਨੂੰ ਆਪਸ ਵਿੱਚ

ਜੋੜਨ 'ਚ ਅਹਿਮ ਭੂਮਿਕਾ ਨਿਭਾਉਂਦਾ ਏ । ਉਨ੍ਹਾਂ ਕਿਹਾ ਕਿ ਨਵਾਂ ਮੁਲਤਾਨੀਆ ਆਰ.ਓ.ਬੀ. 38 ਕਰੋੜ ਰੁਪਏ ਤੋਂ ਵਧ ਦੀ ਲਾਗਤ ਨਾਲ ਬਣਾਇਆ ਗਿਆ ਏ. ਮੁੱਖ ਮੰਤਰੀ ਨੇ ਕਿਹਾ ਕਿ ਇਹ ਪੁਲ ਲਗਭਗ 35 ਸਾਲ ਪੁਰਾਣਾ ਸੀ ਅਤੇ ਸ਼ਹਿਰ ਦੀਆਂ ਆਵਾਜਾਈ ਸਬੰਧੀ ਮੌਜੂਦਾ ਜ਼ਰੂਰਤਾਂ ਲਈ ਢੁੱਕਵਾਂ ਨਹੀਂ ਸੀ। ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਪੁਲ ਦੇ ਹੇਠਾਂ ਵਾਲੀ ਥਾਂ ਨੂੰ ਇੱਕ ਖੇਡ ਮੈਦਾਨ ਵਜੋਂ ਵਿਕਸਿਤ ਕੀਤਾ ਜਾਵੇਗਾ ਜਿਸ ਵਿੱਚ ਸੈਰ ਲਈ ਟਰੈਕ, ਬਾਕਸ ਕ੍ਰਿਕੇਟ, ਸਕੇਟਿੰਗ ਵਾਲੀ ਥਾਂ, ਬਾਸਕਟਬਾਲ ਕੋਰਟ, ਜਿੰਮ ਸਪੇਸ ਅਤੇ ਹੋਰ ਸਹੂਲਤਾਂ ਸ਼ਾਮਲ ਹੋਣਗੀਆਂ ।

---

ਪ੍ਰਧਾਨ ਮੰਤਰੀ ਦੇ ਸਰਗਰਮ ਸ਼ਾਸਨ ਅਤੇ ਯੋਜਨਾਵਾਂ ਨੂੰ ਸਮੇਂ ਸਿਰ ਲਾਗੂ ਕਰਨ ਲਈ PRAGATI ਨਾਂ ਦੇ ਪ੍ਰਮੁੱਖ ਪਲੇਟਫਾਰਮ ਨੇ ਹੁਣ ਤੱਕ 50 ਮੀਟਿੰਗਾਂ ਕੀਤੀਆਂ ਨੇ. 2015 ਵਿੱਚ ਪ੍ਰਧਾਨ ਮੰਤਰੀ ਵਲੋਂ ਸ਼ੁਰੂ ਕੀਤਾ ਗਿਆ, ਇਹ ਪਲੇਟਫਾਰਮ, ਪ੍ਰੋਜੈਕਟਾਂ ਦੀ ਸਥਿਤੀ ਬਾਰੇ ਅਸਲ-ਸਮੇਂ ਦੀ ਜਾਣਕਾਰੀ ਪ੍ਰਦਾਨ ਕਰਦਾ ਏ। ਆਪਣੀਆਂ ਮੀਟਿੰਗਾਂ ਵਿੱਚ, ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਅਤੇ ਜਨਤਕ ਸ਼ਿਕਾਇਤਾਂ ਦੀ ਪ੍ਰਧਾਨ ਮੰਤਰੀ ਵਲੋਂ ਸਿੱਧੇ ਸਮੀਖਿਆ ਕੀਤੀ ਜਾਂਦੀ ਏ। ਪ੍ਰਗਤੀ ਪਲੇਟਫਾਰਮ ਨੇ ਕੇਂਦਰ ਅਤੇ ਰਾਜਾਂ ਲਈ ਇੱਕ ਸਾਂਝਾ ਡਿਜੀਟਲ

ਪਲੇਟਫਾਰਮ ਪ੍ਰਦਾਨ ਕੀਤਾ ਏ, ਜੋ ਕਿ ਸਹਿਕਾਰੀ ਸੰਘਵਾਦ ਦੀ ਇੱਕ ਸ਼ਕਤੀਸ਼ਾਲੀ ਮਿਸਾਲ ਏ. ਅੱਜ ਇਸ ਵਿਸ਼ੇਸ਼ ਲੜੀ ਵਿੱਚ, ਪੇਸ਼ ਏ ਪੰਜਾਬ ਵਿੱਚ ਰਾਸ਼ਟਰੀ ਸ਼ਾਹਰਾਹ ਦੇ ਫਗਵਾੜਾ-ਰੂਪਨਗਰ ਹਿੱਸੇ ਦੀ ਚਾਰ-ਲੇਨ ਦੀ ਉਸਾਰੀ ਬਾਰੇ ਇੱਕ ਰਿਪੋਰਟ -

V/C

ਪੰਜਾਬ ਵਿੱਚ ਰਾਸ਼ਟਰੀ ਸ਼ਾਹਰਾਹ ਦੇ ਫਗਵਾੜਾ-ਰੂਪਨਗਰ ਹਿੱਸੇ ਦੀ ਚਾਰ-ਲੇਨ ਉਸਾਰੀ, ਇੱਕ ਰਣਨੀਤਕ ਤੌਰ 'ਤੇ ਮਹੱਤਵਪੂਰਨ ਲਾਂਘੇ ਨੂੰ ਦਰਸਾਉਂਦੀ ਏ, ਜੋ ਜਲੰਧਰ ਅਤੇ ਫਗਵਾੜਾ ਦੇ ਸਨਅਤੀ clusters ਨੂੰ ਜੋੜਦੀ ਏ. 2 ਹਜ਼ਾਰ 574 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ, ਲਗਭਗ 88 ਕਿਲੋਮੀਟਰ ਵਿੱਚ ਫੈਲੇ ਇਸ ਪ੍ਰੋਜੈਕਟ ਨਾਲ ਅੰਮ੍ਰਿਤਸਰ ਅਤੇ ਚੰਡੀਗੜ੍ਹ ਵਿਚਕਾਰ ਸਭ ਤੋਂ ਛੋਟਾ ਰਾਹ ਸਥਾਪਤ ਹੋਇਆ ਏ ਅਤੇ ਲਾਂਘੇ ਦੇ ਨਾਲ ਸਥਿਤ ਪ੍ਰਮੁੱਖ ਸਿੱਖ ਤੀਰਥ ਸਥਾਨਾਂ ਤੱਕ ਪਹੁੰਚ ਮਜ਼ਬੂਤ ਹੋਈ ਏ। ਇਸ ਪ੍ਰੋਜੈਕਟ ਨੂੰ ਲਾਗੂ ਕਰਨ ਲਈ, ਮਹੱਤਵਪੂਰਨ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ, ਮੁੱਖ ਤੌਰ 'ਤੇ ਜ਼ਮੀਨ ਪ੍ਰਾਪਤੀ ਅਤੇ ਮੁਆਵਜ਼ਾ ਵੰਡ ਨਾਲ ਸਬੰਧਤ। ਅਗਸਤ 2018 ਵਿੱਚ ਪ੍ਰਗਤੀ ਸਮੀਖਿਆ ਮੀਟਿੰਗ ਦੌਰਾਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮੁੱਖ ਰੁਕਾਵਟਾਂ ਨੂੰ ਦੂਰ ਕਰਨ ਲਈ ਸਮਾਂਬੱਧ ਨਿਰਦੇਸ਼ ਜਾਰੀ ਕੀਤੇ। ਪੰਜਾਬ ਸਰਕਾਰ ਨੂੰ ਬਾਕੀ ਰਹਿੰਦੀ ਜ਼ਮੀਨ ਛੇਤੀ ਤੋਂ ਛੇਤੀ ਪ੍ਰਾਪਤ ਕਰਨ ਅਤੇ ਸੌਂਪਣ ਦੇ ਨਿਰਦੇਸ਼ ਦਿੱਤੇ ਗਏ ਸਨ। ਇਸ ਪ੍ਰੋਜੈਕਟ ਨੇ ਅੰਤ ਵਿੱਚ 100 ਫੀਸਦੀ ਭੌਤਿਕ ਪ੍ਰਗਤੀ ਪ੍ਰਾਪਤ ਕੀਤੀ ਅਤੇ ਇਸ ਨੂੰ 26 ਜੂਨ 2021 ਨੂੰ ਸਫਲਤਾਪੂਰਵਕ ਚਾਲੂ ਕੀਤਾ ਗਿਆ, ਜੋ ਕਿ ਪੰਜਾਬ ਦੀ ਆਰਥਿਕ ਅਤੇ ਗਤੀਸ਼ੀਲਤਾ ਦੀ ਰੀੜ੍ਹ ਵਿੱਚ ਇਸਦੇ ਏਕੀਕਰਨ ਨੂੰ ਦਰਸਾਉਂਦਾ ਏ। ਇਸ ਲਾਂਘੇ ਦੀ ਕਲਪਨਾ, ਸਫ਼ਰ ਦੇ ਸਮੇਂ ਨੂੰ ਘਟਾਉਣ, ਵਾਹਨ ਸੰਚਾਲਨ ਲਾਗਤਾਂ ਨੂੰ ਘਟਾਉਣ ਅਤੇ ਮੁਸਾਫ਼ਰਾਂ ਅਤੇ ਭਾਰੀ ਵਪਾਰਕ ਵਾਹਨਾਂ ਦੋਵਾਂ ਲਈ ਸੁਰੱਖਿਆ ਨੂੰ ਬਿਹਤਰ ਬਣਾਉਣ ਲਈ ਕੀਤੀ ਗਈ ਸੀ।

ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ Rajesh Bali

---------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਵਲੋਂ ਮਾਨਸਾ ‘ਚ ਸਰਕਾਰੀ ਬਿਰਧ ਘਰ "ਸਤਿਕਾਰ ਘਰ" ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਮੰਤਰੀ ਨੇ ਕਿਹਾ ਕਿ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਏ ਤੇ ਬਜ਼ੁਰਗ ਸਾਡਾ ਸਰਮਾਇਆ ਨੇ. ਇਸ ਮੌਕੇ ਉਨ੍ਹਾਂ "ਸਤਿਕਾਰ ਘਰ" ਵਿੱਚ ਰਹਿ ਰਹੇ ਬਿਰਧਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਸਨਮਾਨ ਕੀਤਾ। ਮੰਤਰੀ ਨੇ ਧੀਆਂ ਦੇ ਰਾਜ ਪੱਧਰੀ ਸਮਾਗਮ ਮੌਕੇ, 21 ਨਵਜੰਮੀਆਂ ਧੀਆਂ ਦਾ ਸਨਮਾਨ ਕੀਤਾ.ਇਸ ਮੌਕੇ ਧੀਆਂ ਦੀ ਲੋਹੜੀ ਵੀ ਮਨਾਈ ਗਈ –

byte

-------------------------------------------------------

ਸਾਬਕਾ ਭਾਰਤੀ ਹਾਕੀ ਖਿਡਾਰੀ, ਓਲੰਪੀਅਨ ਅਤੇ ਸੋਨੇ ਦਾ ਤਮਗਾ ਜੇਤੂ, ਦਵਿੰਦਰ ਸਿੰਘ ਗਰਚਾ ਦਾ ਅੱਜ ਦੇਹਾਂਤ ਹੋ ਗਿਆ ਏ. ਉਹ 74 ਸਾਲਾਂ ਦੇ ਸਨ। ਇੱਕ ਸਾਬਕਾ IPS ਅਧਿਕਾਰੀ, ਸ਼੍ਰੀ ਗਰਚਾ 1980 ਦੇ ਮਾਸਕੋ ਓਲੰਪਿਕ ਵਿੱਚ ਸੋਨੇ ਦਾ ਤਮਗਾ ਜਿੱਤਣ ਵਾਲੀ ਭਾਰਤੀ ਹਾਕੀ ਟੀਮ ਦਾ ਹਿੱਸਾ ਸਨ। ਉਨ੍ਹਾਂ ਨੇ 6 ਓਲੰਪਿਕ ਮੈਚਾਂ ਵਿੱਚ ਕੁੱਲ 8 ਗੋਲ ਕੀਤੇ ਸਨ ਅਤੇ ਕਈ ਅੰਤਰਰਾਸ਼ਟਰੀ ਮੈਚ ਵੀ ਖੇਡੇ ਸਨ। ਓਹ, ਮਹਿੰਦਰ ਸਿੰਘ ਮੁਨਸ਼ੀ ਹਾਕੀ ਟੂਰਨਾਮੈਂਟ ਦੇ ਪ੍ਰਧਾਨ ਵੀ ਸਨ।

---------------------------------------------------

ਭਾਰਤੀ ਮੌਸਮ ਵਿਭਾਗ, IMD ਨੇ ਕਿਹਾ ਏ ਕਿ ਅਗਲੇ ਤਿੰਨ ਤੋਂ ਚਾਰ ਦਿਨਾਂ ਤੱਕ ਪੰਜਾਬ ਵਿੱਚ ਸੀਤ ਲਹਿਰ ਦੀ ਸਥਿਤੀ ਰਹਿਣ ਦੀ ਸੰਭਾਵਨਾ ਏ.

---------------------------------------------------

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਕਿਸੇ ਵੀ ਰਾਜ ਦੇ ਵਿਕਾਸ ਵਿੱਚ ਕਾਨੂੰਨ ਵਿਵਸਥਾ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਏ ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਬਾਬਾ ਫਰੀਦ ਯੂਨੀਵਰਸਿਟੀ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ,ਵਿਖੇ ਡਿਗਰੀ ਵੰਡ ਸਮਾਰੋਹ ਵਿਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ.
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਠਿੰਡਾ ਵਿਚ ਮੁੜ੍ਹ ਉਸਾਰੇ ਗਏ ਮੁਲਤਾਨੀਆ ਰੇਲਵੇ ਓਵਰ ਬ੍ਰਿਜ ਨੂੰ ਜਨਤਾ ਨੂੰ ਸਮਰਪਿਤ ਕੀਤਾ ਅਤੇ ਇੱਕ ਨਵੇਂ ਰੇਲਵੇ ਓਵਰ ਬ੍ਰਿਜ ਦੇ ਨਿਰਮਾਣ ਨੂੰ ਪ੍ਰਵਾਨਗੀ ਦਿੱਤੀ।

- ਪੰਜਾਬ ਦੇ ਮੰਤਰੀ ਡਾ. ਬਲਜੀਤ ਕੌਰ ਵਲੋਂ ਮਾਨਸਾ ‘ਚ ਸਰਕਾਰੀ ਬਿਰਧ ਘਰ "ਸਤਿਕਾਰ ਘਰ" ਦਾ ਉਦਘਾਟਨ ਕੀਤਾ ਗਿਆ ਤੇ ਧੀਆਂ ਦੀ ਲੋਹੜੀ ਮਨਾਈ ਗਈ।
- ਸਾਬਕਾ ਭਾਰਤੀ ਹਾਕੀ ਖਿਡਾਰੀ, ਓਲੰਪੀਅਨ ਅਤੇ ਸੋਨੇ ਦਾ ਤਮਗਾ ਜੇਤੂ, ਦਵਿੰਦਰ ਸਿੰਘ ਗਰਚਾ ਦਾ ਅੱਜ 74 ਸਾਲਾਂ ਦੀ ਉਮਰ ‘ਚ ਦੇਹਾਂਤ.

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**